ਬਸੰਤੁ ਮਹਲਾ ੩ ਤੀਜਾ ॥ ਬਸਤ੍ਰ ਉਤਾਰਿ ਦਿਗੰਬਰੁ ਹੋਗੁ ॥ ਜਟਾਧਾਰਿ ਕਿਆ ਕਮਾਵੈ ਜੋਗੁ ॥ ਮਨੁ ਨਿਰਮਲੁ ਨਹੀ ਦਸਵੈ ਦੁਆਰ ॥ ਭ੍ਰਮਿ ਭ੍ਰਮਿ ਆਵੈ ਮੂੜ੍ਹਾ ਵਾਰੋ ਵਾਰ ॥ ੧॥ ਏਕੁ ਧਿਆਵਹੁ ਮੂੜ੍ ਮਨਾ ॥ ਪਾਰਿ ਉਤਰਿ ਜਾਹਿ ਇਕ ਖਿਨਾਂ ॥ ੧॥ ਰਹਾਉ ॥ ਸਿਮ੍ਰਿਤਿ ਸਾਸਤ੍ਰ ਕਰਹਿ ਵਖਿਆਣ ॥ ਨਾਦੀ ਬੇਦੀ ਪੜ੍ਹਹਿ ਪੁ ਰਾਣ ॥ ਪਾਖੰਡ ਦ੍ਰਿਸਟਿ ਮਨਿ ਕਪਟੁ ਕਮਾਹਿ ॥ ਤਿਨ ਕੈ ਰਮਈਆ ਨੇੜਿ ਨਾਹਿ ॥੨॥ ਜੇ ਕੋ ਐਸਾ ਸੰਜਮੀ ਹੋਇ ॥ ਕ੍ਰਿਆ ਵਿਸੇਖ ਪੂਜਾ ਕਰੇਇ ॥ ਅੰਤਰਿ ਲੋਭੁ ਮਨੁ ਬਿਖਿਆ ਮਾਹਿ ॥ ਓਇ ਨਿਰੰਜਨੁ ਕੈਸੇ ਪਾਹਿ ॥੩॥ ਕੀਤਾ ਹੋਆ ਕਰੇ ਕਿਆ ਹੋਇ ॥ ਜਿਸ ਨੋ ਆਪਿ ਚਲਾਏ ਸੋਇ ॥ ਨਦਰਿ ਕਰੇ ਤਾਂ ਭਰਮੁ ਚੁਕਾਏ ॥ ਹੁਕਮੈ ਬੂਝੈ ਤਾਂ ਸਾਚਾ ਪਾਏ ॥੪॥ ਜਿਸੁ ਜੀਉ ਅੰਤਰੁ ਮੈਲਾ ਹੋਇ ॥ ਤੀਰਥ ਭਵੈ ਦਿਸੰਤਰ ਲੋਇ ॥ ਨਾਨਕ ਮਿਲੀਐ ਸਤਿਗੁਰ ਸੰਗ ॥ ਤਉ ਭਵਜਲ ਕੇ ਤੂਟਸਿ ਬੰਧ ॥੫॥੪॥ {ਪੰਨਾ 1169}

ਪਦਅਰਥ:- ਉਤਾਰਿ—ਉਤਾਰ ਕੇ, ਲਾਹ ਕੇ। ਦਿਗੰਬਰੁ—ਨਾਂਗਾ ਸਾਧੂ {ਦਿਗ-ਅੰਬਰੁ। ਦਿਗ—ਦਿਸ਼ਾ। ਅੰਬਰੁ—ਕੱਪੜਾ। ਦਿਗੰਬਰੁ—ਉਹ ਜਿਸ ਨੇ ਦਿਸ਼ਾ ਨੂੰ ਆਪਣਾ ਕੱਪੜਾ ਬਣਾਇਆ ਹੈ, ਨੰਗਾ}। ਹੋਗੁ—(ਜੇ) ਹੋ ਜਾਇਗਾ। ਧਾਰਿ—ਧਾਰ ਕੇ। ਕਿਆ—ਕੇਹੜਾ? ਦਸਵੈ ਦੁਆਰ—ਪ੍ਰਾਣ ਦਸਵੇਂ ਦੁਆਰ ਚੜ੍ਹਾਇਆਂ, ਪ੍ਰਾਣਾਯਾਮ ਕੀਤਿਆਂ। ਭ੍ਰਮਿ ਭ੍ਰਮਿ—ਭਟਕ ਭਟਕ ਕੇ। ਮੂੜਾ—ਮੂਰਖ। ਵਾਰੋ ਵਾਰ—ਮੁੜ ਮੁੜ।1।

ਏਕੁ—ਇਕ ਪ੍ਰਭੂ ਨੂੰ। ਇਕ ਖਿਨਾਂ—ਇਕ ਪਲ ਵਿਚ।1। ਰਹਾਉ।

ਕਰਹਿ—(ਜੋ ਮਨੁੱਖ) ਕਰਦੇ ਹਨ। ਨਾਦੀ—ਨਾਦ ਵਜਾਣ ਵਾਲੇ ਜੋਗੀ। ਬੇਦੀ—ਬੇਦ ਪੜ੍ਹਨ ਵਾਲੇ ਪੰਡਿਤ। ਦ੍ਰਿਸਟਿ—ਨਿਗਾਹ, ਨਜ਼ਰ। ਮਨਿ—ਮਨ ਵਿਚ। ਕਮਾਹਿ—ਜੋ ਕਮਾਂਦੇ ਹਨ।2।

ਸੰਜਮੀ—ਸੰਜਮ ਰੱਖਣ ਵਾਲਾ, ਇੰਦ੍ਰਿਆਂ ਨੂੰ ਕਾਬੂ ਕਰਨ ਦਾ ਜਤਨ ਕਰਨ ਵਾਲਾ। ਵਿਸੇਖ—ਵਿਸ਼ੇਸ਼, ਉਚੇਚੀ। ਕਰੇਇ—(ਜੋ ਮਨੁੱਖ) ਕਰਦਾ ਹੈ। ਅੰਤਰਿ—ਅੰਦਰ, ਮਨ ਦੇ ਅੰਦਰ। ਬਿਖਿਆ—ਮਾਇਆ। ਓਇ—ਅਜੇਹੇ ਬੰਦੇ। ਪਾਹਿ—ਪ੍ਰਾਪਤ ਕਰਨ।3।

ਕੀਤਾ ਹੋਆ—ਸਭ ਕੁਝ ਪਰਮਾਤਮਾ ਦਾ ਕੀਤਾ ਹੋ ਰਿਹਾ ਹੈ। ਕਰੇ ਕਿਆ ਹੋਇ—ਜੀਵ ਦੇ ਕੀਤਿਆਂ ਕੀਹ ਹੋ ਸਕਦਾ ਹੈ? ਜਿਸ ਨੋ—ਜਿਸ ਜੀਵ ਨੂੰ। ਸੋਇ—ਉਹ ਪਰਮਾਤਮਾ। ਨਦਰਿ—ਮੇਹਰ ਦੀ ਨਿਗਾਹ। ਭਰਮੁ—ਭਟਕਣਾ। ਚੁਕਾਏ—ਦੂਰ ਕਰਦਾ ਹੈ। ਹੁਕਮੈ—ਪਰਮਾਤਮਾ ਦੇ ਹੁਕਮ ਨੂੰ।4।

ਅੰਤਰੁ—ਅੰਦਰਲਾ {ਬੰਦ ਨੰ: 3 ਵਿਚ ਲਫ਼ਜ਼ 'ਅੰਤਰਿ' ਸੰਬੰਧਕ ਹੈ। ਦੋਹਾਂ ਲਫਜ਼ਾਂ ਦਾ ਜੋੜ ਵੇਖੋ। ਲਫ਼ਜ਼ 'ਅੰਤਰੁ' ਵਿਸ਼ੇਸ਼ਣ ਹੈ ਲਫ਼ਜ਼ 'ਜੀਉ' ਦਾ}। ਦਿਸੰਤਰ—ਦੇਸ ਅੰਤਰ, ਹੋਰ ਹੋਰ ਦੇਸਾਂ ਵਿਚ। ਲੋਇ—ਲੋਕ ਵਿਚ, ਜਗਤ ਵਿਚ। ਤਉ—ਤਦੋਂ। ਬੰਧ—ਬੰਧਨ।5।

ਅਰਥ:- ਹੇ ਮੂਰਖ ਮਨ! ਇਕ ਪਰਮਾਤਮਾ ਨੂੰ ਸਿਮਰ। (ਸਿਮਰਨ ਦੀ ਬਰਕਤਿ ਨਾਲ) ਇਕ ਪਲ ਵਿਚ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਹਿੰਗਾ।1। ਰਹਾਉ।

ਜੇ ਕੋਈ ਮਨੁੱਖ ਕੱਪੜੇ ਉਤਾਰ ਕੇ ਨਾਂਗਾ ਸਾਧੂ ਬਣ ਜਾਏ (ਤਾਂ ਭੀ ਵਿਅਰਥ ਹੀ ਉੱਦਮ ਹੈ)। ਜਟਾ ਧਾਰ ਕੇ ਭੀ ਕੋਈ ਜੋਗ ਨਹੀਂ ਕਮਾਇਆ ਜਾ ਸਕਦਾ। (ਪਰਮਾਤਮਾ ਨਾਲ ਜੋਗ (ਮੇਲ) ਨਹੀਂ ਹੋ ਸਕੇਗਾ)। ਦਸਵੇਂ ਦੁਆਰ ਵਿਚ ਪ੍ਰਾਣ ਚੜ੍ਹਾਇਆਂ ਭੀ ਮਨ ਪਵਿਤ੍ਰ ਨਹੀਂ ਹੁੰਦਾ। (ਅਜੇਹੇ ਸਾਧਨਾਂ ਵਿਚ ਲੱਗਾ ਹੋਇਆ) ਮੂਰਖ ਭਟਕ ਭਟਕ ਕੇ ਮੁੜ ਮੁੜ ਜਨਮ ਲੈਂਦਾ ਹੈ।1।

(ਪੰਡਿਤ ਲੋਕ) ਸਿਮ੍ਰਿਤੀਆਂ ਤੇ ਸ਼ਾਸਤ੍ਰ (ਹੋਰਨਾਂ ਨੂੰ ਪੜ੍ਹ ਪੜ੍ਹ ਕੇ) ਸੁਣਾਂਦੇ ਹਨ, ਜੋਗੀ ਨਾਦ ਵਜਾਂਦੇ ਹਨ, ਪੰਡਿਤ

ਵੇਦ ਪੜ੍ਹਦੇ ਹਨ, ਕੋਈ ਪੁਰਾਣ ਪੜ੍ਹਦੇ ਹਨ, ਪਰ ਉਹਨਾਂ ਦੀ ਨਿਗਾਹ ਪਖੰਡ ਵਾਲੀ ਹੈ, ਮਨ ਵਿਚ ਉਹ ਖੋਟ ਕਮਾਂਦੇ ਹਨ। ਪਰਮਾਤਮਾ ਅਜੇਹੇ ਬੰਦਿਆਂ ਦੇ ਨੇੜੇ ਨਹੀਂ (ਢੁਕਦਾ)।2।

ਜੇ ਕੋਈ ਅਜੇਹਾ ਬੰਦਾ ਭੀ ਹੋਵੇ ਜੋ ਆਪਣੇ ਇੰਦ੍ਰਿਆਂ ਨੂੰ ਵੱਸ ਕਰਨ ਦੇ ਜਤਨ ਕਰਦਾ ਹੋਵੇ, ਕਿਸੇ ਉਚੇਚੀ ਕਿਸਮ ਦੀ ਕ੍ਰਿਆ ਕਰਦਾ ਹੋਵੇ, ਦੇਵ-ਪੂਜਾ ਭੀ ਕਰੇ, ਪਰ ਜੇ ਉਸ ਦੇ ਅੰਦਰ ਲੋਭ ਹੈ, ਜੇ ਉਸ ਦਾ ਮਨ ਮਾਇਆ ਦੇ ਮੋਹ ਵਿਚ ਹੀ ਫਸਿਆ ਪਿਆ ਹੈ, ਤਾਂ ਅਜੇਹੇ ਬੰਦੇ ਭੀ ਮਾਇਆ ਤੋਂ ਨਿਰਲੇਪ ਪਰਮਾਤਮਾ ਦੀ ਪ੍ਰਾਪਤੀ ਨਹੀਂ ਕਰ ਸਕਦੇ।3।

(ਪਰ ਜੀਵਾਂ ਦੇ ਭੀ ਕੀਹ ਵੱਸ?) ਸਭ ਕੁਝ ਪਰਮਾਤਮਾ ਦਾ ਕੀਤਾ ਹੋ ਰਿਹਾ ਹੈ। ਜੀਵ ਦੇ ਕੀਤਿਆਂ ਕੁਝ ਨਹੀਂ ਹੋ ਸਕਦਾ। ਜਦੋਂ ਪ੍ਰਭੂ ਆਪ (ਕਿਸੇ ਜੀਵ ਉਤੇ) ਮੇਹਰ ਦੀ ਨਿਗਾਹ ਕਰਦਾ ਹੈ ਤਾਂ ਉਸ ਦੀ ਭਟਕਣਾ ਦੂਰ ਕਰਦਾ ਹੈ (ਪ੍ਰਭੂ ਦੀ ਮੇਹਰ ਨਾਲ ਹੀ ਜਦੋਂ ਜੀਵ) ਪ੍ਰਭੂ ਦਾ ਹੁਕਮ ਸਮਝਦਾ ਹੈ ਤਾਂ ਉਸ ਦਾ ਮਿਲਾਪ ਹਾਸਲ ਕਰ ਲੈਂਦਾ ਹੈ।4।

ਜਿਸ ਮਨੁੱਖ ਦਾ ਅੰਦਰਲਾ ਆਤਮਾ (ਵਿਕਾਰਾਂ ਨਾਲ) ਮੈਲਾ ਹੋ ਜਾਂਦਾ ਹੈ, ਉਹ ਜੇ ਤੀਰਥਾਂ ਉਤੇ ਭੀ ਜਾਂਦਾ ਹੈ ਜੇ ਉਹ ਜਗਤ ਵਿਚ ਹੋਰ ਹੋਰ ਦੇਸਾਂ ਵਿਚ ਭੀ (ਵਿਰਕਤ ਰਹਿਣ ਲਈ) ਤੁਰਿਆ ਫਿਰਦਾ ਹੈ (ਤਾਂ ਭੀ ਉਸ ਦੇ ਮਾਇਆ ਵਾਲੇ ਬੰਧਨ ਟੁੱਟਦੇ ਨਹੀਂ)।

ਹੇ ਨਾਨਕ! ਜੇ ਗੁਰੂ ਦਾ ਮੇਲ ਪ੍ਰਾਪਤ ਹੋਵੇ ਤਾਂ ਹੀ ਪਰਮਾਤਮਾ ਮਿਲਦਾ ਹੈ, ਤਦੋਂ ਹੀ ਸੰਸਾਰ-ਸਮੁੰਦਰ ਵਾਲੇ ਬੰਧਨ ਟੁੱਟਦੇ ਹਨ।5।4।